# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :30-12-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨੀਤੀ ਆਯੋਗ ਵਿਖੇ ਪ੍ਰਮੁੱਖ ਅਰਥ-ਸ਼ਾਸਤਰੀਆਂ ਅਤੇ ਵਿਸ਼ਾ ਮਾਹਿਰਾਂ ਨਾਲ ਇੱਕ ਮੀਟਿੰਗ ਕਰਨਗੇ, ਜੋ ਕਿ ਮੁੱਖ ਆਰਥਿਕ ਫੈਸਲਿਆਂ ਤੋਂ ਪਹਿਲਾਂ ਸਰਕਾਰ ਦੇ ਚੱਲ ਰਹੇ ਸਲਾਹ-ਮਸ਼ਵਰੇ ਦੇ ਹਿੱਸੇ ਵਜੋਂ ਹੋ ਰਹੀ ਏ। ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵੀ ਇਸ ਗੱਲਬਾਤ ਵਿੱਚ ਹਿੱਸਾ ਲੈਣਗੇ, ਜਿਸ ਦੇ ਆਰਥਿਕ ਮੁੱਦਿਆਂ ਦੀ ਇੱਕ ਵਿਸ਼ਾਲ ਸ਼੍ਰੇਣੀ 'ਤੇ ਕੇਂਦ੍ਰਿਤ ਹੋਣ ਦੀ ਉਮੀਦ ਏ। ਇਹ ਮੀਟਿੰਗ ਦੇ, ਮਾਹਿਰਾਂ ਲਈ ਦੇਸ਼ ਦੀ ਮੌਜੂਦਾ ਆਰਥਿਕ ਸਥਿਤੀ ਅਤੇ ਭਵਿੱਖ ਦੀਆਂ ਤਰਜੀਹਾਂ 'ਤੇ ਆਪਣੇ ਵਿਚਾਰ ਅਤੇ ਮੁਲੰਕਣ ਸਾਂਝੇ ਕਰਨ ਲਈ ਇੱਕ ਮੰਚ ਵਜੋਂ ਕੰਮ ਕਰਨ ਦੀ ਉਮੀਦ ਏ। ਸ਼੍ਰੀ ਮੋਦੀ ਵਲੋਂ, ਆਉਣ ਵਾਲੇ ਕੇਂਦਰੀ ਬਜਟ 'ਤੇ ਅਰਥ-ਸ਼ਾਸਤਰੀਆਂ ਦੇ ਸੁਝਾਅ ਅਤੇ ਦ੍ਰਿਸ਼ਟੀਕੋਣ ਸੁਣੇ ਜਾ ਸਕਦੇ ਨੇ.

---

ਰੱਖਿਆ ਖੋਜ ਅਤੇ ਵਿਕਾਸ ਸੰਗਠਨ-DRDO ਨੇ ਚਾਂਦੀਪੁਰ ਦੇ ਏਕੀਕ੍ਰਿਤ ਟੈਸਟ ਰੇਂਜ ਤੋਂ, ਲੰਮੀ ਦੂਰੀ ਦੇ ਪਿਨਾਕਾ ਗਾਇਡਡ ਰਾਕੇਟ ਦਾ ਪਹਿਲਾ ਸਫਲ ਉਡਾਣ ਪ੍ਰੀਖਣ ਕੀਤਾ । ਇਸ ਰਾਕੇਟ ਦਾ 120 ਕਿਲੋਮੀਟਰ ਦੀ ਵੱਧ ਤੋਂ ਵੱਧ ਦੂਰੀ ਲਈ ਪ੍ਰੀਖਣ ਕੀਤਾ ਗਿਆ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਪ੍ਰਾਪਤੀ 'ਤੇ DRDO ਨੂੰ ਵਧਾਈ ਦਿੱਤੀ ਏ। ਇਸਨੂੰ ਇੱਕ ਮੀਲ ਪੱਥਰ ਦੱਸਦਿਆਂ, ਉਨ੍ਹਾਂ ਕਿਹਾ ਕਿ ਇਸਦਾ ਸਫਲ ਡਿਜ਼ਾਈਨ ਅਤੇ ਵਿਕਾਸ, ਹਥਿਆਰਬੰਦ ਫੌਜਾਂ ਦੀਆਂ ਸਮਰੱਥਾਵਾਂ ਨੂੰ ਹੋਰ ਬਿਹਤਰ ਬਣਾਏਗਾ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਕੱਲ ਮੋਹਾਲੀ ਵਿਖੇ ਅੰਮ੍ਰਿਤੇਸ਼ਵਰ ਮਹਾਦੇਵ ਮੰਦਰ ਵਲੋਂ ਕਰਵਾਏ ਇੱਕ ਵਾਤਾਵਰਣ ਸੈਮੀਨਾਰ ਵਿਚ ਸ਼ਿਰਕਤ ਕੀਤੀ । ਇਸ ਮੌਕੇ ਗੈਰ-ਸਰਕਾਰੀ ਸੰਗਠਨਾਂ, ਵਾਤਾਵਰਣ ਪ੍ਰੇਮੀਆਂ ਅਤੇ ਧਾਰਮਿਕ ਆਗੂਆਂ ਦੇ ਕਈ ਨੁਮਾਇੰਦਿਆਂ ਨੇ ਵੀ ਹਵਾ, ਪਾਣੀ ਅਤੇ ਮਿੱਟੀ ਪ੍ਰਦੂਸ਼ਣ ਬਾਰੇ ਆਪਣੀਆਂ ਚਿੰਤਾਵਾਂ ਸਾਂਝੀਆਂ ਕੀਤੀਆਂ। ਉਨ੍ਹਾਂ ਸਾਰਿਆਂ ਨੇ ਘਰੇਲੂ ਪੱਧਰ 'ਤੇ ਬੂਟੇ ਲਗਾਉਣ

ਅਤੇ ਰਹਿੰਦ-ਖੂੰਹਦ ਪ੍ਰਬੰਧਨ ਦੀ ਹਿਮਾਇਤ ਕੀਤੀ। ਉਨ੍ਹਾਂ ਨੇ ਸਵੱਛ ਮੁਹਿੰਮ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਵੀ ਪ੍ਰਸ਼ੰਸਾ ਕੀਤੀ।

ਰਾਜਪਾਲ ਨੇ ਹਰ ਤਰ੍ਹਾਂ ਦੇ ਪ੍ਰਦੂਸ਼ਣ ਨੂੰ ਘਟਾਉਣ ਅਤੇ ਦੂਜਿਆਂ ਨੂੰ ਸਿਹਤਮੰਦ ਰਹਿਣ ਅਤੇ ਕੁਦਰਤ ਦਾ ਆਨੰਦ ਲੈਣ ਦਾ ਸੱਦਾ ਵਾਤਾਵਰਣ 'ਤੇ ਜ਼ੋਰ ਦਿੱਤਾ । ਉਨ੍ਹਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਚਲਾਈ ਗਈ 'ਸਵੱਛਤਾ ਮੁਹਿੰਮ' ਅਤੇ "ਇਕ ਪੇੜ ਮਾਂ ਕੇ ਨਾਮ" 'ਤੇ ਵੀ ਗੱਲ ਕੀਤੀ। ਉਨ੍ਹਾਂ ਸਾਰਿਆਂ ਨੂੰ ਰੁੱਖ ਨਾ ਕੱਟਣ ਅਤੇ ਭਵਿੱਖ ਲਈ ਉਨ੍ਹਾਂ ਨੂੰ ਸੁਰੱਖਿਅਤ ਰੱਖਣ ਦੀ ਅਪੀਲ ਕੀਤੀ।

BYTE

---------------------------------------------------------------------

ਪੰਜਾਬ ਸਰਕਾਰ ਵਲੋਂ ਕੱਲ ਗੁਰਦਾਸਪੁਰ ਵਿਖੇ ਕ੍ਰਿਸਮਿਸ ਦੇ ਸ਼ੁੱਭ ਦਿਹਾੜੇ ’ਤੇ ਸੂਬਾ ਪੱਧਰੀ ਸਮਾਗਮ ਕਰਵਾਇਆ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਇਸਾਈ ਭਾਈਚਾਰੇ ਨਾਲ ਇਸ ਪਵਿੱਤਰ ਦਿਹਾੜੇ ਦੀ ਖੁਸ਼ੀ ਸਾਂਝੀ ਕੀਤੀ

। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪ੍ਰਭੂ ਯਿਸੂ ਮਸੀਹ ਨੇ ਸਮੁੱਚੀ ਮਾਨਵਤਾ ਨੂੰ ਜਿੰਦਗੀ ਵਿੱਚ ਔਕੜਾਂ ਆ ਜਾਣ ਬਾਵਜੂਦ ਸੱਚ ਉੱਤੇ ਪੂਰੀ ਦ੍ਰਿੜਤਾ ਤੇ ਲਗਨ ਨਾਲ ਚੱਲਣ ਦਾ ਰਾਹ ਦਿਖਾਇਆ।

---------------------------------------------------------------------

ਦੇਸ਼ ਦੇ ਉੱਤਰੀ ਹਿੱਸਿਆਂ ਵਿੱਚ ਸੰਘਣੀ ਧੁੰਦ ਕਾਰਨ ਅੱਜ ਰੇਲ ਅਤੇ ਹਵਾਈ ਆਵਾਜਾਈ ਪ੍ਰਭਾਵਿਤ ਹੋਈ ਏ। ਦਿੱਲੀ ਪਹੁੰਚਣ ਵਾਲੀਆਂ 20 ਤੋਂ ਵੱਧ ਰੇਲਗੱਡੀਆਂ ਤਿੰਨ ਘੰਟਿਆਂ ਤੋਂ ਵੱਧ ਦੇਰੀ ਨਾਲ ਚੱਲੀਆਂ। ਖਰਾਬ ਮੌਸਮ ਕਾਰਨ ਹਵਾਈ ਯਾਤਰਾ ਵੀ ਪ੍ਰਭਾਵਿਤ ਹੋਈ। ਸੰਘਣੀ ਧੁੰਦ ਅਤੇ ਘੱਟ ਦਿਖਤਾ  ਕਾਰਨ ਅੱਜ 118 ਉਡਾਣਾਂ ਰੱਦ ਕੀਤੀਆਂ ਗਈਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਯਾਤਰੀਆਂ ਨੂੰ ਆਪਣੀ ਉਡਾਣ ਦੀ ਸਥਿਤੀ ਦੀ ਨਿਯਮਤ ਤੌਰ 'ਤੇ ਜਾਂਚ ਕਰਨ ਅਤੇ ਸਬੰਧਤ ਏਅਰਲਾਈਨਾਂ ਦੇ ਸੰਪਰਕ ਵਿੱਚ ਰਹਿਣ ਦੀ ਅਪੀਲ ਕੀਤੀ। ਮੰਤਰਾਲੇ ਨੇ ਏਅਰਲਾਈਨਾਂ ਨੂੰ ਯਾਤਰੀਆਂ ਦੀ ਸਹੂਲਤ ਲਈ ਸਥਾਪਤ ਸਾਰੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ

ਕਰਨ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਵਿੱਚ ਸਮੇਂ ਸਿਰ ਉਡਾਣ ਦੀ ਜਾਣਕਾਰੀ, ਦੇਰੀ ਨਾਲ ਉਡਾਣਾਂ ਵਾਲੇ ਯਾਤਰੀਆਂ ਲਈ ਭੋਜਨ, ਰੱਦ ਹੋਣ ਦੀ ਸਥਿਤੀ ਵਿੱਚ ਦੁਬਾਰਾ ਬੁਕਿੰਗ ਜਾਂ ਰਿਫੰਡ, ਅਤੇ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਸ਼ਾਮਲ ਏ ।

-------------------------------------------------------------------

ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸਵੇਰ ਅਤੇ ਰਾਤ ਦੇ ਸਮੇਂ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ ਏ । ਜੰਮੂ-ਕਸ਼ਮੀਰ ਵਿੱਚ ਵੀ ਅੱਜ ਸੰਘਣੀ ਧੁੰਦ ਛਾਈ ਰਹੇਗੀ। ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ । ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਖੇਤਰ - ਦਿੱਲੀ ਵਿੱਚ ਹਵਾ ਦੀ ਗੁਣਵੱਤਾ ਬੇਹੱਦ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਮੁਤਾਬਕ, ਅੱਜ ਸਵੇਰੇ 6 ਵਜੇ ਤੱਕ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕੰਕ 384 ਦਰਜ ਕੀਤਾ ਗਿਆ।

-------------------------------------------------------------------

ਰੇਲ ਮੰਤਰਾਲੇ ਨੇ ਧੁੰਦ ਦੇ ਮੌਸਮ ਦੌਰਾਨ, ਰੇਲ ਗੱਡੀਆਂ ਦੀ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਕਈ ਉਪਾਅ ਕੀਤੇ ਨੇ। ਮੰਤਰਾਲੇ ਨੇ ਉੱਤਰੀ ਰੇਲਵੇ, ਉੱਤਰ ਪੂਰਬੀ ਰੇਲਵੇ ਅਤੇ ਉੱਤਰ ਮੱਧ ਰੇਲਵੇ ਦੇ ਜਨਰਲ ਮੈਨੇਜਰਾਂ ਨੂੰ ਰੇਲ ਗੱਡੀਆਂ ਦੀ ਅਸਲ ਸਥਿਤੀ ਦਾ ਜਾਇਜ਼ਾ ਲੈਣ ਅਤੇ ਕੇਟਰਿੰਗ ਸਮੇਤ ਹੋਰ ਮੁੱਦਿਆਂ ਨੂੰ ਹੱਲ ਕਰਨ ਦੀ ਸਲਾਹ ਦਿੱਤੀ ਏ। ਵੰਦੇ ਭਾਰਤ ਅਤੇ ਸ਼ਤਾਬਦੀ ਐਕਸਪ੍ਰੈਸ ਦੇ ਸਮੇਂ ਸਿਰ ਸੰਚਾਲਨ ਨੂੰ ਯਕੀਨੀ ਬਣਾਉਣ ਲਈ, ਵਾਧੂ ਰੈਕ ਪ੍ਰਦਾਨ ਕਰਨ ਦਾ ਵੀ ਸੁਝਾਅ ਦਿੱਤਾ ਗਿਆ ਏ । ਮੰਤਰਾਲੇ ਨੇ ਕਿਹਾ ਕਿ ਵਾਧੂ ਰੈਕ ਲਈ ਕੇਟਰਿੰਗ ਪ੍ਰਬੰਧ, IRCTC ਵੱਲੋਂ ਕੀਤੇ ਜਾਣਗੇ । ਇਸ ਤੋਂ ਇਲਾਵਾ, IRCTC ਵਿੱਚ ਇੱਕ ਵਾਰ ਰੂਮ ਵੀ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਕੇਟਰਿੰਗ ਨਾਲ ਸਬੰਧਤ ਮੁੱਦਿਆਂ ਦੀ ਨਿਗਰਾਨੀ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਸਮੇਂ-ਸਰ ਹੱਲ ਕੀਤਾ ਜਾ ਸਕੇ ।

---

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ 5ਵਾਂ ਅਤੇ ਆਖਰੀ twenty-twenty ਮੈਚ ਅੱਜ ਤਿਰੂਵਨੰਤਪੁਰਮ ਦੇ ਗ੍ਰੀਨ-ਫੀਲਡ ਅੰਤਰ-ਰਾਸ਼ਟਰੀ ਸਟੇਡੀਅਮ ਵਿਖੇ ਖੇਡਿਆ ਜਾਵੇਗਾ ।

ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ, ਲੜੀ ਵਿੱਚ 4-0 ਨਾਲ ਅੱਗੇ ਏ।

---------------------------------------------------------------------